ਦਫਤਰ :- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜਾਦਾ ਅਜੀਤ ਸਿੰਘ ਨਗਰ (ਮੋਹਾਲੀ)

E-mail Id : pwdmohali@gmail.com Tel. & Fax No. 0172-2226328

ਵੱਲ;

The Principal,
Manav Mangal Smart School,
Phase-10, S A S Nagar

ਨੰ: 91 ਮਿਤੀ: 8-1-2021

ਵਿਸ਼ਾ- ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ ।

ਹਵਾਲਾ: ਆਪ ਦਾ ਪੱਤਰ ਨੰ: MMSS/2020-21 ਮਿਤੀ 11.11.2020

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ। ਸਕੂਲ ਵੱਲੋ 10 (ਦਸ) ਸਾਲਾਂ ਇੰਸਪੈਕਸਨ ਫੀਸ ਰੁ: 2,00,000/- ਜੀ.ਆਰ. ਨੰ. 3903131 ਮਿਤੀ 07-01-2021 ਰਾਹੀ ਜਮਾਂ ਕਰਵਾ ਦਿੱਤੀ ਗਈ ਹੈ। ਇਸ ਲਈ ਉਪਰੋਕਤ ਸਕੂਲ ਦੀ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ **31-3-2030** ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ।

1 ਜੇ ਸਕੂਲ ਦੀ ਇਮਾਰਤ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋ ਇਸ ਦਾ ਸਰਟੀਫਿਕੇਟ ਦੁਬਾਰਾ ਲਿਆ ਜਾਵੇ।

2 ਜੇ ਬਿਲਡਿੰਗ ਹੜਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋ ਦੁਬਾਰਾ ਚੈਕ ਕਰਵਾਇਆ ਜਾਵੇ।

3 ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ਼, ਐਸ.ਏ.ਐਸ ਨਗਰ ਵਲੋ ਉਨ੍ਹਾਂ ਦੇ ਐਨ.ਓ.ਸੀ ਨੰ: 2004-28703-Fire/19612 ਮਿਤੀ: 05.10.2020 ਦੁਆਰਾ ਜਾਰੀ ਕੀਤਾ ਗਿਆ ਹੈ। ਫਾਇਰ ਸੇਫਟੀ ਸਰਟੀਫਿਕੇਟ ਨਵੀਕਰਨ ਦੀ ਨਿਰੋਲ ਜਿੰਮੇਵਾਰੀ ਬਿਨੈਕਾਰ ਦਾ ਹੋਵੇਗੀ ਨਹੀ ਤਾਂ ਤੁਰੰਤ ਸਮੇ ਤੋ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇ। ਫਾਇਰ ਸਟੇਸ਼ਨ ਅਫਸਰ ਦੀਆਂ ਸ਼ਰਤਾਂ ਮੁਤਾਬਕ ਕਿ ਅੱਗ ਬੁਝਾਉ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

4 ਉਕਤ ਕਿਸੇ ਵੀ ਹਾਲਾਤ ਵਿੱਚ ਜਾਂ ਹੋਰ ਕੋਈ ਕੁਦਰਤੀ/ ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ-ਇੰਸਪੈਕਸ਼ਨ ਕਰਾਉਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ। ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀ ਹੋਵੇਗਾ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਨੂੰ ਉਨ੍ਹਾਂ ਦੇ ਪੱਤਰ ਨੰ: 11 ਮਿਤੀ 07-01-2021 ਦੇ ਹਵਾਲੇ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।